ੴ ਸਤਿਗੁਰ ਪ੍ਰਸਾਦਿ ॥

ਸ੍ਰੀ ਵਾਹਿਗੁਰੂ ਜੀ ਕੀ ਫਤਹ ॥

ਪਾਃ ੧੦ ਕਬਿਯੋਬਾਚ ਬੇਨਤੀ ॥ ਚੌਪਈ ॥

ਹਮਰੀ ਕਰੋ ਹਾਥ ਦੇ ਰੱਛਾ ॥

ਪੂਰਨ ਹੋਇ ਚਿਤ ਕੀ ਇੱਛਾ ॥

ਤਵ ਚਰਨਨ ਮਨ ਰਹੇ ਹਮਾਰਾ ॥

ਅਪਨਾ ਜਾਨ ਕਰੋ ਪ੍ਰਤਿਪਾਰਾ ॥੧॥

ਹਮਰੇ ਦੁਸਟ ਸਭੈ ਤੁਮ ਘਾਵਹੁ ॥

ਆਪੁ ਹਾਥ ਦੈ ਮੋਹਿ ਬਚਾਵਹੁ ॥

ਸੁਖੀ ਬਸੈ ਮੋਰੋ ਪਰਿਵਾਰਾ ॥

ਸੇਵਕ ਸਿੱਖ ਸਭੈ ਕਰਤਾਰਾ ॥੨॥

ਮੋ ਰੱਛਾ ਨਿਜ ਕਰ ਦੈ ਕਰਿਯੈ ॥

ਸਭ ਬੈਰਨ ਕੋ ਆਜ ਸੰਘਰਿਯੈ ॥

ਪੂਰਨ ਹੋਇ ਹਮਾਰੀ ਆਸਾ ॥

ਤੋਰ ਭਜਨ ਕੀ ਰਹੈ ਪਿਆਸਾ ॥੩॥

ਤੁਮਹਿ ਛਾਡਿ ਕੋਈ ਅਵਰ ਨ ਧਿਯਾਊਂ ॥

ਜੋ ਬਰ ਚਹੋਂ ਸੁ ਤੁਮ ਤੇ ਪਾਊਂ ॥

ਸੇਵਕ ਸਿੱਖ ਹਮਾਰੇ ਤਾਰੀਅਹਿ ॥

ਚੁਨਿ ਚੁਨਿ ਸਤ੍ਰ ਹਮਾਰੇ ਮਾਰੀਅਹਿ ॥੪॥

ਆਪ ਹਾਥ ਦੇ ਮੁਝੈ ਉਬਰਿਯੈ ॥

ਮਰਨ ਕਾਲ ਕਾ ਤ੍ਰਾਸ ਨਿਵਰਿਯੈ ॥

ਹੂਜੋ ਸਦਾ ਹਮਾਰੇ ਪੱਛਾ ॥

ਸ੍ਰੀ ਅਸਿਧੁਜ ਜੂ ਕਰਿਯਹੁ ਰੱਛਾ ॥੫॥

ਰਾਖਿ ਲੇਹੁ ਮੁਹਿ ਰਾਖਨਹਾਰੇ ॥

ਸਾਹਿਬ ਸੰਤ ਸਹਾਇ ਪਿਯਾਰੇ ॥

ਦੀਨ ਬੰਧੁ ਦੁਸਟਨ ਕੇ ਹੰਤਾ ॥

ਤੁਮਹੋ ਪੁਰੀ ਚਤੁਰ ਦਸ ਕੰਤਾ ॥੬॥

ਕਾਲ ਪਾਇ ਬ੍ਰਹਮਾ ਬਪੁ ਧਰਾ ॥

ਕਾਲ ਪਾਇ ਸਿਵਜੂ ਅਵਤਰਾ ॥

ਕਾਲ ਪਾਇ ਕਰ ਬਿਸਨੁ ਪ੍ਰਕਾਸਾ ॥

ਸਕਲ ਕਾਲ ਕਾ ਕੀਆ ਤਮਾਸਾ ॥੭॥

ਜਵਨ ਕਾਲ ਜੋਗੀ ਸਿਵ ਕੀਓ ॥

ਬੇਦਰਾਜ ਬ੍ਰਹਮਾ ਜੂ ਥੀਓ ॥

ਜਵਨ ਕਾਲ ਸਭ ਲੋਕ ਸਵਾਰਾ ॥

ਨਮਸਕਾਰ ਹੈ ਤਾਹਿ ਹਮਾਰਾ ॥੮॥

ਜਵਨ ਕਾਲ ਸਭ ਜਗਤ ਬਨਾਯੋ ॥

ਦੇਵ ਦੈਤ ਜੱਛਨ ਉਪਜਾਯੋ ॥

ਆਦਿ ਅੰਤਿ ਏਕੈ ਅਵਤਾਰਾ ॥

ਸੋਈ ਗੁਰੂ ਸਮਝਿਯਹੁ ਹਮਾਰਾ ॥੯॥

ਨਮਸਕਾਰ ਤਿਸ ਹੀ ਕੋ ਹਮਾਰੀ ॥

ਸਕਲ ਪ੍ਰਜਾ ਜਿਨ ਆਪ ਸਵਾਰੀ ॥

ਸਿਵਕਨ ਕੋ ਸਿਵਗੁਨ ਸੁਖ ਦੀਓ ॥

ਸੱਤ੍ਰੁਨ ਕੋ ਪਲ ਮੋ ਬਧ ਕੀਓ ॥੧੦॥

ਘਟ ਘਟ ਕੇ ਅੰਤਰ ਕੀ ਜਾਨਤ ॥

ਭਲੇ ਬੁਰੇ ਕੀ ਪੀਰ ਪਛਾਨਤ ॥

ਚੀਟੀ ਤੇ ਕੁੰਚਰ ਅਸਥੂਲਾ ॥

ਸਭ ਪਰ ਕ੍ਰਿਪਾ ਦ੍ਰਿਸਟਿ ਕਰ ਫੂਲਾ ॥੧੧॥

ਸੰਤਨ ਦੁਖ ਪਾਏ ਤੇ ਦੁਖੀ ॥

ਸੁਖ ਪਾਏ ਸਾਧਨ ਕੇ ਸੁਖੀ ॥

ਏਕ ਏਕ ਕੀ ਪੀਰ ਪਛਾਨੇਂ ॥

ਘਟ ਘਟ ਕੇ ਪਟ ਪਟ ਕੀ ਜਾਨੇਂ ॥੧੨॥

ਜਬ ਉਦਕਰਖ ਕਰਾ ਕਰਤਾਰਾ ॥

ਪ੍ਰਜਾ ਧਰਤ ਤਬ ਦੇਹ ਅਪਾਰਾ ॥

ਜਬ ਆਕਰਖ ਕਰਤ ਹੋ ਕਬਹੂੰ ॥

ਤੁਮ ਮੇ ਮਿਲਤ ਦੇਹ ਧਰ ਸਭਹੂੰ ॥੧੩॥

ਜੇਤੇ ਬਦਨ ਸ੍ਰਿਸਟਿ ਸਭ ਧਾਰੈ ॥

ਆਪੁ ਆਪਨੀ ਬੂਝ ਉਚਾਰੈ ॥

ਤੁਮ ਸਭਹੀ ਤੇ ਰਹਤ ਨਿਰਾਲਮ ॥

ਜਾਨਤ ਬੇਦ ਭੇਦ ਅਰ ਆਲਮ ॥੧੪॥

ਨਿਰੰਕਾਰ ਨ੍ਰਿਬਿਕਾਰ ਨਿਰਲੰਭ ॥

ਆਦਿ ਅਨੀਲ ਅਨਾਦਿ ਅਸੰਭ ॥

ਤਾ ਕਾ ਮੂੜ੍ਹ ਉਚਾਰਤ ਭੇਦਾ ॥

ਜਾ ਕੌ ਭੇਵ ਨ ਪਾਵਤ ਬੇਦਾ ॥੧੫॥

ਤਾ ਕੌ ਕਰਿ ਪਾਹਨ ਅਨੁਮਾਨਤ ॥

ਮਹਾ ਮੂੜ੍ਹ ਕਛੁ ਭੇਦ ਨ ਜਾਨਤ ॥

ਮਹਾਦੇਵ ਕੌ ਕਹਤ ਸਦਾ ਸਿਵ ॥

ਨਿਰੰਕਾਰ ਕਾ ਚੀਨਤ ਨਹਿ ਭਿਵ ॥੧੬॥

ਆਪੁ ਆਪਨੀ ਬੁਧਿ ਹੈ ਜੇਤੀ ॥

ਬਰਨਤ ਭਿੰਨ ਭਿੰਨ ਤੁਹਿ ਤੇਤੀ ॥

ਤੁਮਰਾ ਲਖਾ ਨ ਜਾਇ ਪਸਾਰਾ ॥

ਕਿਹ ਬਿਧਿ ਸਜਾ ਪ੍ਰਥਮ ਸੰਸਾਰਾ ॥੧੭॥

ਏਕੈ ਰੂਪ ਅਨੂਪ ਸਰੂਪਾ ॥

ਰੰਕ ਭਯੋ ਰਾਵ ਕਹੀ ਭੂਪਾ ॥

ਅੰਡਜ ਜੇਰਜ ਸੇਤਜ ਕੀਨੀ ॥

ਉਤਭੁਜ ਖਾਨਿ ਬਹੁਰ ਰਚਿ ਦੀਨੀ ॥੧੮॥

ਕਹੂੰ ਫੂਲ ਰਾਜਾ ਹ੍ਵੈ ਬੈਠਾ ॥

ਕਹੂੰ ਸਿਮਟਿ ਭਿਯੋ ਸੰਕਰ ਇਕੈਠਾ ॥

ਸਗਰੀ ਸ੍ਰਿਸਟਿ ਦਿਖਾਇ ਅਚੰਭਵ ॥

ਆਦਿ ਜੁਗਾਦਿ ਸਰੂਪ ਸੁਯੰਭਵ ॥੧੯॥

ਅਬ ਰੱਛਾ ਮੇਰੀ ਤੁਮ ਕਰੋ ॥

ਸਿੱਖ ਉਬਾਰਿ ਅਸਿੱਖ ਸੰਘਰੋ ॥

ਦੁਸ਼ਟ ਜਿਤੇ ਉਠਵਤ ਉਤਪਾਤਾ ॥

ਸਕਲ ਮਲੇਛ ਕਰੋ ਰਣ ਘਾਤਾ ॥੨੦॥

ਜੇ ਅਸਿਧੁਜ ਤਵ ਸਰਨੀ ਪਰੇ ॥

ਤਿਨ ਕੇ ਦੁਸ਼ਟ ਦੁਖਿਤ ਹ੍ਵੈ ਮਰੇ ॥

ਪੁਰਖ ਜਵਨ ਪਗ ਪਰੇ ਤਿਹਾਰੇ ॥

ਤਿਨ ਕੇ ਤੁਮ ਸੰਕਟ ਸਭ ਟਾਰੇ ॥੨੧॥

ਜੋ ਕਲਿ ਕੋ ਇਕ ਬਾਰ ਧਿਐ ਹੇ ॥

ਤਾ ਕੇ ਕਾਲ ਨਿਕਟਿ ਨਹਿ ਐਹੇ ॥

ਰੱਛਾ ਹੋਇ ਤਾਹਿ ਸਭ ਕਾਲਾ ॥

ਦੁਸਟ ਅਰਿਸਟ ਟਰੇਂ ਤਤਕਾਲਾ ॥੨੨॥

ਕ੍ਰਿਪਾ ਦ੍ਰਿਸਟਿ ਤਨ ਜਾਹਿ ਨਿਹਰਿਹੋ ॥

ਤਾ ਕੇ ਤਾਪ ਤਨਕ ਮੋ ਹਰਿਹੋ ॥

ਰਿੱਧਿ ਸਿੱਧਿ ਘਰ ਮੋ ਸਭ ਹੋਈ ॥

ਦੁਸ਼ਟ ਛਾਹ ਛ੍ਵੈ ਸਕੇ ਨ ਕੋਈ ॥੨੩॥

ਏਕ ਬਾਰ ਜਿਨ ਤੁਮੇ ਸੰਭਾਰਾ ॥

ਕਾਲ ਫਾਸ ਤੇ ਤਾਹਿ ਉਬਾਰਾ ॥

ਜਿਨ ਨਰ ਨਾਮ ਤਿਹਾਰੋ ਕਹਾ ॥

ਦਾਰਿਦ ਦੁਸਟ ਦੋਖ ਤੇ ਰਹਾ ॥੨੪॥

ਖੜਗ ਕੇਤ ਮੈ ਸਰਣਿ ਤਿਹਾਰੀ ॥

ਆਪ ਹਾਥ ਦੇ ਲੇਹੁ ਉਬਾਰੀ ॥

ਸਰਬ ਠੌਰ ਮੋ ਹੋਹੁ ਸਹਾਈ ॥

ਦੁਸਟ ਦੋਖ ਤੇ ਲੇਹੁ ਬਚਾਈ ॥੨੫॥

.........................

Download Other gurbanis in PDF format at www.freshbloger.com